ੴ ਵਾਹਿਗੁਰੂ ਜੀ ਕੀ ਫ਼ਤਹ ॥

ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:ਤ/੨੪੧ ਮਿਤੀ ੨੮-੧੨-੨੦੨੪

ਆਦੇਸ਼

ਅੱਜ ਮਿਤੀ ੧੪ ਪੋਹ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੨੮ ਦਸੰਬਰ ੨੦੨੫ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਸੰਗਤਾਂ ਵੱਲੋਂ ਪੁੱਜੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਮੈਰਿਜ ਪੈਲੇਸਾਂ/ਰਿਜ਼ੋਰਟਾਂ/ਸਮੁੰਦਰਾਂ ਦੇ ਕੰਢੇ ਬੀਚਾਂ/ਵਪਾਰਕ ਫਾਰਮ ਹਾਊਸਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਅਨੰਦ ਕਾਰਜ (ਵਿਆਹ) ਕਰਨ ਸਬੰਧੀ ਮਾਮਲਾ ਵਿਚਾਰਿਆ ਗਿਆ। ਜਿਸ 'ਤੇ ਪੰਜ ਸਿੰਘ ਸਾਹਿਬਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਅਜਿਹੇ ਮਾਮਲਿਆਂ ਸਬੰਧੀ ਪਹਿਲਾਂ ਹੋਏ ਆਦੇਸ਼ ਮਿਤੀ ੧੬.੦੩.੧੯੯੮ ਅਤੇ ਅ:ਤ/੧੭੮ ਮਿਤੀ ੧੬.੧੦.2023 ਦੀ ਰੋਸ਼ਨੀ ਵਿਚ ਫੈਸਲਾ ਕਰਦਿਆਂ ਇਹ ਮੁੜ ਆਦੇਸ਼ ਕੀਤਾ ਜਾਂਦਾ ਹੈ ਕਿ ਮੈਰਿਜ ਪੈਲੇਸਾਂ/ਰਿਜ਼ੋਰਟਾਂ/ਸਮੁੰਦਰਾਂ ਦੇ ਕੰਢੇ ਬੀਚਾਂ/ਵਪਾਰਕ ਫਾਰਮ ਹਾਊਸਾਂ ਆਦਿ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਅਨੰਦ ਕਾਰਜ (ਡੈਸਟੀਨੇਸ਼ਨ ਵੈਡਿੰਗ) ਕਰਨ 'ਤੇ ਪੂਰਨ ਰੂਪ ਵਿਚ ਪਾਬੰਦੀ ਹੈ। ਇਨ੍ਹਾਂ ਥਾਵਾਂ ਉੱਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨਹੀਂ ਲਿਜਾਏ ਜਾ ਸਕਦੇ। ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ, ਪ੍ਰਬੰਧਕਾਂ ਤੇ ਸੇਵਾਦਾਰਾਂ ਅਤੇ ਸਮੂਹ ਰਾਗੀ ਜਥਿਆਂ ਨੂੰ ਇਹ ਸਖ਼ਤ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਆਦੇਸ਼ਾਂ ਦਾ ਪੂਰਨ ਸਮਰਪਣ ਭਾਵ ਨਾਲ ਪਾਲਣ ਕਰਨ। ਉਲੰਘਣਾ ਹੋਣ ਉੱਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਦੇਣ ਵਾਲੇ ਜ਼ਿੰਮੇਵਾਰ ਵਿਅਕਤੀਆਂ ਅਤੇ ਅਜਿਹੇ ਸਥਾਨਾਂ ਉੱਤੇ ਅਨੰਦ ਕਾਰਜ ਕਰਨ ਵਾਲੇ ਰਾਗੀ ਜਥਿਆਂ, ਮੈਰਿਜ ਪੈਲੇਸਾਂ/ਰਿਜ਼ੋਰਟਾਂ/ਬੀਚਾਂ/ਵਪਾਰਕ ਫਾਰਮ ਹਾਊਸਾਂ ਦੇ ਮਾਲਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਕੇਵਲ ਸਿੰਘ

(ਕੇਵਲ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

ਦੇਗ ਤੇਗ ਫ਼ਤਹ ਨੁਸਰਤ ਬੇਦਰੰਗ ਯਾਫ਼ਤ ਅਜ਼ ਨਾਨਕ ਗੁਰੂ ਗੋਬਿੰਦ ਸਿੰਘ
ਸ੍ਰੀ ਅਕਾਲ ਜੀ ਸਹਾਇ
ਸ੍ਰੀ ਅਕਾਲ ਤਖ਼ਤ ਸਾਹਿਬ

ਕੁਲਦੀਪ ਸਿੰਘ

(ਕੁਲਦੀਪ ਸਿੰਘ)
ਕਾਰਜਕਾਰੀ ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ।

ਜੁਗਿੰਦਰ ਸਿੰਘ

(ਜੁਗਿੰਦਰ ਸਿੰਘ)
ਮੁੱਖ ਗ੍ਰੰਥੀ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

ਟੇਕ ਸਿੰਘ

(ਟੇਕ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬੋ, ਬਠਿੰਡਾ।

ਪਰਵਿੰਦਰਪਾਲ ਸਿੰਘ

(ਪਰਵਿੰਦਰਪਾਲ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com